Vigilance Bureau Punjab

# Vigilance nabs MC employee, Patwari, a private person for accepting bribes in three different cases

**(Also registers case against Police official)**

Chandigarh, January 30: State Vigilance Bureau today nabbed a Municipal Corporation employee, Patwari and a private person red handed while accepting bribes in three different cases.

Disclosing this an official spokesperson of the Vigilance Bureau said Ashok Kumar Clerk posted at Municipal Corporation, Bathinda has been nabbed red handed on the complaint of Sukhdev Singh resident of Bathinda.

He added that the complainant has approached the Bureau and informed that the accused clerk was demanding Rs. 10,000 for issuing NOC of domestic sewerage connection and the deal was struck at Rs. 8000.

After verifying his information, the Vigilance team laid a trap and the accused was caught red handed for accepting bribe of Rs.8000 from the complainant in the presence of two official witnesses.

In another bribery case Vigilance Bureau today nabbed a revenue Patwari red handed while accepting bribe of Rs. 2500/-. Disclosing this here an official spokesperson of the Vigilance Bureau said Manmohan Singh, Patwari posted at Dhunda in Tarn Taran district was nabbed red handed by Vigilance team for accepting bribe of Rs. 2500 from complainant Dilbagh Singh of village Dhunda,. The complainant has approached the VB and alleged that the above said Patwari was demanding Rs. 25,000/- for mutation of his land.

In another bribery case VB arrested a middle man of Assistant Sub inspector (ASI) for accepting bribe of Rs. 15000. The spokesman said that Lakhveer Singh Sheera of Moga district was nabbed on the complaint of Kishan Singh of Moga. The complainant approached the VB and alleged that middle man of ASI Karnail Singh posted at police station Nihal Singh Wala was demanded Rs. 40,000 to help him in a police complaint and the deal was struck at Rs. 20,000. After verifying his information, a team from Vigilance bureau laid a trap and the accused Middle man was arrested on the spot while accepting bribe of Rs. 15000/- from the complainant in the presence of two official witnesses. VB also registered case against the ASI Karnail Singh in this case.

The spokesman said a cases under Prevention of Corruption Act have been registered against the accused at Vigilance Bureau Police Station, Bathinda, Amritsar, Ferozepur respectively and further investigations was under progress.

----------------

## ਵਿਜੀਲੈਂਸ ਬਿਓਰੋ ਪੰਜਾਬ

## ਵਿਜੀਲੈਂਸ ਵਲੋਂ ਰਿਸ਼ਵਤ ਦੇ ਤਿੰਨ ਵੱਖ-ਵੱਖ ਕੇਸਾਂ ਵਿਚ ਨਗਰ ਨਿਗਮ ਦਾ ਕਰਮਚਾਰੀ, ਇਕ ਪਟਵਾਰੀ ਅਤੇ ਇਕ ਵਿਚੋਲਾ ਰਿਸ਼ਵਤ ਲੈਂਦਾ ਕਾਬੂ

**(ਏ.ਐਸ.ਆਈ ਵਿਰੁੱਧ ਵੀ ਕੇਸ ਦਰਜ)**

ਚੰਡੀਗੜ੍ਹ, 30 ਜਨਵਰੀ: ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਭ੍ਰਿਸ਼ਟਾਚਾਰ ਵਿਰੁੱਧ ਜਾਰੀ ਮੁਹਿੰਮ ਦੌਰਾਨ ਅੱਜ ਰਿਸ਼ਵਤ ਦੇ ਤਿੰਨ ਵੱਖ-ਵੱਖ ਕੇਸਾਂ ਵਿਚ ਨਗਰ ਨਿਗਮ ਦਾ ਕਰਮਚਾਰੀ, ਇਕ ਪਟਵਾਰੀ ਅਤੇ ਇਕ ਏ.ਐਸ.ਆਈ ਦੇ ਵਿਚੌਲੇ ਨੂੰ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀ ਕਾਬੂ ਕੀਤਾ ਗਿਆ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਨਗਰ ਨਿਗਮ ਬਠਿੰਡਾ ਵਿਖੇ ਤਾਇਨਾਤ ਕਲਰਕ ਅਸ਼ੋਕ ਕੁਮਾਰ ਨੂੰ ਸ਼ਿਕਾਇਤਕਰਤਾ ਸੁਖਦੇਵ ਸਿੰਘ, ਵਾਸੀ ਬਠਿੰਡਾ ਦੀ ਸ਼ਿਕਾਇਤ ਉੱਤੇ ਵਿਜੀਲੈਂਸ ਬਿਓਰੋ ਵਲੋਂ 8000 ਹਜਾਰ ਰੁਪਏ ਰਿਸ਼ਵਤ ਲੈਦਿਆਂ ਰੰਗੇ ਹੱਥੀ ਦਬੋਚ ਲਿਆ ਗਿਆ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਓਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੱਸਿਆ ਕਿ ਉਕਤ ਦੋਸ਼ੀ ਕਲਰਕ ਵਲੋਂ ਉਸ ਦੇ ਖਰੀਦ ਕੀਤੇ ਘਰ ਲਈ ਸੀਵਰੇਜ ਕੁਨੈਕਸ਼ਨ ਦੀ ਐਨ.ਓ.ਸੀ ਜਾਰੀ ਕਰਨ ਬਦਲੇ 10,000 ਰੁਪਏ ਦੀ ਮੰਗ ਕੀਤੀ ਗਈ ਸੀ ਪਰ ਸੌਦਾ 8000 ਰੁਪਏ ਦੇਣਾ ਤੈਅ ਹੋਇਆ ਹੈ। ਵਿਜੀਲੈਂਸ ਵਲੋਂ ਦੋਸ਼ਾਂ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 8 ਹਜਾਰ ਰੁਪਏ ਦੀ ਰਕਮ ਰਿਸ਼ਵਤ ਵਜੋਂ ਲੈਂਦਿਆਂ ਮੌਕੇ 'ਤੇ ਕਾਬੂ ਕਰ ਲਿਆ ਗਿਆ।

ਇਕ ਹੋਰ ਰਿਸ਼ਵਤ ਦੇ ਕੇਸ ਵਿਚ ਅੱਜ ਮਾਲ ਹਲਕਾ ਧੂੰਦਾ, ਜਿਲਾ ਤਰਨ ਤਾਰਨ ਵਿਖੇ ਤਾਇਨਾਤ ਪਟਵਾਰੀ ਮਨਮੋਹਨ ਸਿੰਘ ਨੂੰ 2500 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਪਟਵਾਰੀ ਨੂੰ ਸ਼ਿਕਾਇਤਕਰਤਾ ਦਿਲਬਾਗ ਸਿੰਘ ਵਾਸੀ ਪਿੰਡ ਧੂੰਦਾ, ਜਿਲਾ ਤਰਨਤਾਰਨ ਦੀ ਸ਼ਿਕਾਇਤ 'ਤੇ 2500 ਰੁਪਏ ਦੀ ਰਿਸ਼ਵਤ ਲੈਂਦਿਆਂ ਗ੍ਰਿਫ਼ਤਾਰ ਕੀਤਾ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਕਤ ਪਟਵਾਰੀ ਵਲੋਂ ਜਮੀਨ ਦਾ ਇੰਤਕਾਲ ਦਰਜ ਕਰਨ ਬਦਲੇ 2500 ਰੁਪਏ ਦੀ ਮੰਗ ਕੀਤੀ ਗਈ ਹੈ।

ਵਿਜੀਲੈਂਸ ਵੱਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਪਟਵਾਰੀ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 2500 ਰੁਪਏ ਦੀ ਰਿਸ਼ਵਤ ਲੈਂਦਿਆਂ ਦਬੋਚ ਲਿਆ।

ਇਕ ਹੋਰ ਰਿਵਸ਼ਤ ਦੇ ਕੇਸ ਵਿਚ ਵਿਜੀਲੈਂਸ ਵਲੋਂ ਥਾਣਾ ਨਿਹਾਲ ਸਿੰਘ ਵਾਲਾ ਵਿਖੇ ਤਾਇਨਾਤ ਏ.ਐਸ.ਆਈ ਕਰਨੈਲ ਸਿੰਘ ਦੇ ਵਿਚੌਲੇ ਲਖਵੀਰ ਸਿੰਘ ਨੂੰ 15,000 ਰੁਪਏ ਦੀ ਰਿਸ਼ਵਤ ਲੈਂਦਿਆ ਗ੍ਰਿਫਤਾਰ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਵਿਚੌਲੇ ਲਖਵੀਰ ਸਿੰਘ ਨੂੰ ਮੋਗਾ ਵਾਸੀ ਕਿਸ਼ਨ ਸਿੰਘ ਦੀ ਸ਼ਿਕਾਇਤ 'ਤੇ ਕਾਬੂ ਕੀਤਾ ਗਿਆ। ਸ਼ਿਕਾਇਤਕਰਤਾ ਨੇ ਆਪਣੀ ਸ਼ਿਕਾਇਤ ਵਿਚ ਦੋਸ਼ ਲਾਇਆ ਕਿ ਏ.ਐਸ.ਆਈ ਕਰਨੈਲ ਸਿੰਘ ਦੇ ਵਿਚੌਲੇ ਲਖਵੀਰ ਸਿੰਘ ਵਲੋ ਇਕ ਝਗੜੇ ਸਬੰਧੀ ਪੁਲਿਸ ਸ਼ਿਕਾਇਤ ਵਿਚ ਸਮਝੌਤਾ ਕਰਵਾਉਣ ਬਦਲੇ 40,000 ਰੁਪਏ ਦੀ ਮੰਗ ਕੀਤੀ ਗਈ ਅਤੇ ਸੌਦਾ 20,000 ਵਿਚ ਤੈਅ ਹੋਇਆ ਹੈ।

ਵਿਜੀਲੈਂਸ ਵੱਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਵਿਚੌਲੇ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 15,000 ਰੁਪਏ ਦੀ ਰਿਸ਼ਵਤ ਲੈਂਦਿਆਂ ਦਬੋਚ ਲਿਆ ਅਤੇ ਇਸ ਕੇਸ ਵਿਚ ਸ਼ਾਮਲ ਏ.ਐਸ.ਆਈ ਵਿਰੁੱਧ ਵੀ ਕੇਸ ਦਰਜ ਕੀਤਾ ਗਿਆ ਹੈ।

ਬੁਲਾਰੇ ਨੇ ਦੱਸਿਆ ਕਿ ਇਸ ਸਬੰਧੀ ਉਕਤ ਦੋਸ਼ੀਆਂ ਵਿਰੁੱਧ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਿਆ ਬਠਿੰਡਾ, ਅੰਮ੍ਰਿਤਸਰ ਅਤੇ ਫਿਰੋਜਪੁਰ ਵਿਖੇ ਮੁੱਕਦਮੇ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਗਈ ਹੈ।

-----------------